ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਬਠਿੰਡਾ ਜ਼ਿਲੇ ਵਿਚ ਇਕ ਹੋਰ ਕਰੋਨਾ ਕੇਸ ਸਾਹਮਣੇ ਆਇਆ

ਐਕਟਿਵ ਕੇਸਾਂ ਦੀ ਗਿਣਤੀ 10 ਹੋਈ

ਬਠਿੰਡਾ, 5 ਜੂਨ

ਬਠਿੰਡਾ ਜ਼ਿਲੇ ਵਿਚ ਕੋਵਿਡ 19 ਦਾ ਇਕ ਹੋਰ ਪਾਜਿਟਿਵ ਕੇਸ ਅੱਜ ਸਾਮਹਣੇ ਆਇਆ ਹੈ। ਇਹ ਜਾਣਕਾਰੀ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤੋਂ ਬਿਨਾਂ ਅੱਜ 102 ਨੈਗੇਟਿਵ ਰਿਪੋਰਟਾਂ ਵੀ ਪ੍ਰਾਪਤ ਹੋਈਆਂ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੱਜ ਪਾਜੀਟਿਵ ਆਏ ਕੇਸ ਨਾਲ ਜ਼ਿਲੇ ਵਿਚ ਹੁਣ ਤੱਕ ਪਾਜਿਟਿਵ ਆਏ ਕੁੱਲ ਕੇਸਾਂ ਦੀ ਗਿਣਤੀ 60 ਹੋ ਗਈ ਹੈ। ਇੰਨਾਂ ਵਿਚੋਂ 50 ਲੋਕ ਠੀਕ ਹੋ ਕੇ ਘਰ ਪੁੱਜ ਚੁੱਕੇ ਹਨ ਅਤੇ 10 ਕੇਸ ਐਕਟਿਵ ਹਨ। ਜਦ ਕਿ ਜ਼ਿਲੇ ਵਿਚ ਕੋਈ ਮੌਤ ਨਹੀਂ ਹੋਈ ਹੈ।

ਉਨਾਂ ਨੇ ਦੱਸਿਆ ਕਿ ਅੱਜ ਜੋ ਕੇਸ ਪਾਜਿਟਿਵ ਆਇਆ ਹੈ ਉਹ ਪਹਿਲਾਂ ਤੋਂ ਪਾਜਿਟਿਵ ਕੇਸ ਦੇ ਸੰਪਰਕਾਂ ਵਿਚੋਂ ਸੀ। ਉਸਦੀ ਉਮਰ 10 ਸਾਲ ਹੈ ਅਤੇ ਲੜਕੀ ਹੈ। ਉਹ ਰਾਮਪੁਰਾ ਤਹਿਸੀਲ ਨਾਲ ਸਬੰਧਤ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜ਼ਿਲੇ ਦੇ ਲੋਕਾਂ ਨੂੰ ਵਧੇਰੇ ਸਾਵਧਾਨ ਰਹਿਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਜਦੋਂ ਬਹੁਤ ਜਰੂਰੀ ਹੋਵੇ ਤਾਂ ਹੀ ਘਰ ਤੋਂ ਬਾਹਰ ਜਾਓ, ਛੋਟੇ ਬੱਚੇ ਅਤੇ ਬਜੁਰਗ ਬਿਲਕੁੱਲ ਘਰ ਤੋਂ ਬਾਹਰ ਨਾ ਜਾਣ, ਮਾਸਕ ਪਹਿਨੋ ਅਤੇ ਸਮਾਜਿਕ ਦੂਰੀ ਦਾ ਖਿਆਲ ਰੱਖਿਆ ਜਾਵੇ।

I/31393/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਮਿਸ਼ਨ ਫਤਿਹ

ਸੁਰੱਖਿਆ ਉਪਾਵਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇ, ਉਲੰਘਣਾ ਕਰਨ ਤੇ ਹੋਵੇਗਾ ਜੁਰਮਾਨਾ ਜ਼ਿਲਾ ਮੈਜਿਸਟ੍ਰੇਟ

ਜਨਤਕ ਥਾਵਾਂ 'ਤੇ ਮਾਸਕ ਨਾ ਪਹਿਨਣ ਵਾਲਿਆਂ ਨੂੰ ਹੋਵੇਗਾ 500 ਰੁਪਏ ਦਾ ਜੁਰਮਾਨਾ

ਹੋਮ ਕੁਆਰਨਟਾਈਨ ਤੋੜਨ ਵਾਲਿਆਂ ਤੇ ਹੋੇਵੇਗੀ ਸਖ਼ਤੀ

ਜੁਰਮਾਨਾ ਨਾ ਭਰਨ ਵਾਲਿਆਂ ਵਿਰੁੱਧ ਕੀਤੀ ਜਾਵੇਗੀ ਆਈਪੀਸੀ ਦੀ ਧਾਰਾ 188 ਤਹਿਤ ਕਾਨੂੰਨੀ ਕਾਰਵਾਈ

ਬਠਿੰਡਾ, 5 ਜੂਨ

ਬਠਿੰਡਾ ਦੇ ਜ਼ਿਲਾ ਮੈਜਿਸਟ੍ਰੇਟ ਸ੍ਰੀ ਬੀ ਸ੍ਰੀ ਨਿਵਾਸਨ ਆਈਏਐਸ ਨੇ ਕਿਹਾ ਹੈ ਕਿ ਜੇਕਰ ਅਸੀਂ ਕਰੋਨਾ ਤੇ ਫਤਿਹ ਹਾਸਲ ਕਰਨੀ ਹੈ ਤਾਂ ਸਾਨੂੰ ਸੁਰੱਖਿਆ ਉਪਾਵਾਂ ਦਾ ਸਖ਼ਤੀ ਨਾਲ ਪਾਲਣਾ ਕਰਨੀ ਪਵੇਗੀ। ਉਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰੀ ਹਦਾਇਤਾਂ ਲੋਕਾਂ ਦੇ ਹਿੱਤ ਵਿਚ ਹਨ ਅਤੇ ਸਭ ਨੂੰ ਇਨਾਂ ਦਾ ਪਾਲਣਾ ਕਰਨੀ ਚਾਹੀਦੀ ਹੈ। ਉਨਾਂ ਨੇ ਕਿਹਾ ਕਿ ਜੋ ਕੋਈ ਵੀ ਹਦਾਇਤਾਂ ਦਾ ਉਲੰਘਣ ਕਰੇਗਾ ਉਸ ਖਿਲਾਫ ਸਖ਼ਤ ਕਾਰਵਾਈ ਅਮਲ ਵਿਚ ਕੀਤੀ ਜਾਵੇਗੀ।

ਕੋਵਿਡ -19 ਦੀ ਰੋਕਥਾਮ ਅਤੇ ਪ੍ਰਬੰਧਨ ਨੂੰ ਹੋਰ ਮਜ਼ਬੂਤ ਕਰਦਿਆਂ, ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਫੈਲਣ ਨੂੰ ਰੋਕਣ ਸਬੰਧੀ ਜਾਰੀ ਕੀਤੀਆਂ ਹਦਾਇਤਾਂ ਅਤੇ ਦਿਸ਼ਾ ਨਿਰਦੇਸ਼ਾਂ ਦੀ ਉਲੰਘਣਾ ਕਰਨ ਸਬੰਧੀ ਜੁਰਮਾਨੇ ਲਗਾਏ ਜਾਣ ਦਾ ਉਪਬੰਧ ਕੀਤਾ ਗਿਆ ਹੈ।

ਕੋਵਿਡ-19 ਸੰਬੰਧੀ ਦਿੱਤੀਆਂ ਹਦਾਇਤਾਂ ਅਤੇ ਦਿਸ਼ਾ-ਨਿਰਦੇਸ਼ਾਂ ਦੀਆਂ ਉਲੰਘਣਾਵਾਂ ਨਾਲ ਨਜਿੱਠਣ ਅਤੇ ਪੰਜਾਬ ਨੂੰ ਮਹਾਂਮਾਰੀ ਦੇ ਪੰਜੇ ਤੋਂ ਸੁਰੱਖਿਅਤ ਰੱਖਣ ਲਈ ਜੁਰਮਾਨਿਆਂ ਵਿੱਚ ਵਾਧਾ ਕਰਨ ਅਤੇ ਹੋਰ ਸਖਤ ਬਣਾਉਣ ਲਈ ਇਹ ਫੈਸਲਾ ਲਿਆ ਗਿਆ ਹੈੈ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਇਸ ਬਿਮਾਰੀ ਨੂੰ ਹੋਰ ਫੈਲਣ ਤੋਂ ਰੋਕਣ ਲਈ ਚੌਵੀ ਘੰਟੇ ਕੰਮ ਕਰ ਰਹੀ ਹੈ ਅਤੇ ਇਸੇ ਲਈ ਕੋਵਿਡ -19 ਦੇ ਮਰੀਜ਼ਾਂ ਦੀ ਰਿਕਵਰੀ ਵਿਚ ਪੰਜਾਬ ਦੇਸ਼ ਦਾ ਮੋਹਰੀ ਸੂਬਾ ਬਣ ਗਿਆ।

ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਹੁਣ ਜਨਤਕ ਥਾਵਾਂ 'ਤੇ ਮਾਸਕ ਨਾ ਪਾਉਣ 'ਤੇ 500 ਰੁਪਏ ਜੁਰਮਾਨਾ ਲਗਾਇਆ ਜਾਵੇਗਾ ਘਰੇਲੂ ਕੁਆਰਨਟੀਨ ਨਿਰਦੇਸ਼ਾਂ ਦੀ ਉਲੰਘਣਾ ਕਰਨ ਲਈ 2,000 ਰੁਪਏ, ਜਨਤਕ ਥਾਵਾਂ 'ਤੇ ਥੁੱਕਣ ਲਈ 500 ਰੁਪਏ, ਦੁਕਾਨਾਂ / ਵਪਾਰਕ ਸਥਾਨਾਂ ਦੇ ਮਾਲਕਾਂ ਦੁਆਰਾ ਸਮਾਜਕ ਦੂਰੀਆਂ ਦੇ ਨਿਯਮਾਂ ਦੀ ਉਲੰਘਣਾ ਕਰਨ ਲਈ 2000 ਰੁਪਏ, ਬੱਸਾਂ ਦੇ ਮਾਲਕਾਂ ਦੁਆਰਾ ਸਮਾਜਕ ਦੂਰੀ ਦੀ ਉਲੰਘਣਾ ਕਰਨ ਲਈ 3000 ਰੁਪਏ, ਕਾਰਾਂ 2000 ਰੁਪਏ ਅਤੇ ਆਟੋ ਰਿਕਸ਼ਾ / ਦੋਪਹੀਆ ਵਾਹਨ ਲਈ 500 ਰੁਪਏ ਜੁਰਮਾਨਾ ਲਗਾਇਆ ਜਾਵੇਗਾ।

ਇਹ ਜੁਰਮਾਨੇ ਸਰਕਾਰ ਵੱਲੋਂ ਅਧਿਕਾਰਿਤ ਅਧਿਕਾਰੀ ਮਹਾਂਮਾਰੀ ਰੋਗ ਐਕਟ, 1897 ਦੀਆਂ ਧਾਰਾਵਾਂ ਤਹਿਤ ਜ਼ੁਰਮਾਨੇ ਲਗਾ ਸਕਦਾ ਹੈ। ਉਨਾਂ ਕਿਹਾ ਕਿ ਜੇਕਰ ਉਲੰਘਣਾ ਕਰਨ ਵਾਲੇ ਦੁਆਰਾ ਜੁਰਮਾਨਾ ਨਹੀਂ ਦਿੱਤਾ ਜਾਂਦਾ ਤਾਂ ਉਸ ਵਿਰੁੱਧ ਮਹਾਂਮਾਰੀ ਬਿਮਾਰੀ ਐਕਟ, 1897 ਦੇ ਨਿਯਮ ਅਨੁਸਾਰ ਆਈਪੀਸੀ ਦੀ ਧਾਰਾ 188 ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। I/31421/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਭਗਤ ਕਬੀਰ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਾਡੀਆਂ ਜੀਵਨ ਰਾਹਾਂ ਰੌਸ਼ਨਾ ਰਹੀਆਂ ਹਨ ਮਨਪ੍ਰੀਤ ਸਿੰਘ ਬਾਦਲ

ਮਿਸ਼ਨ ਫਤਿਹ ਨਾਲ ਜੁੜਨ ਦਾ ਸੱਦਾ

ਵਿੱਤ ਮੰਤਰੀ ਨੇ ਬਠਿੰਡਾ ਸ਼ਹਿਰ ਦੇ ਲੋਕਾਂ ਨੂੰ ਮਿਲ ਕੇ ਸੁਣੀਆਂ ਮੁਸਕਿਲਾਂ

ਬਠਿੰਡਾ, 5 ਜੂਨ

ਭਗਤ ਕਬੀਰ ਜੀ ਦੇ 622ਵੇਂ ਜਨਮ ਦਿਹਾੜੇ ਮੌਕੇ ਉਨਾਂ ਨੂੰ ਆਪਣੇ ਸ਼ਰਧਾ ਸੁਮਨ ਭੇਂਟ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਨੇ ਆਖਿਆ ਹੈ ਕਿ ਉਨਾਂ ਦੀ ਬਾਣੀ ਅੱਜ ਵੀ ਸਾਡੀਆਂ ਜੀਵਨ ਰਾਹਾਂ ਰੌਸਨਾ ਰਹੀ ਹੈ।

ਸ: ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਕਿ ਜੇਕਰ ਅਸੀਂ ਭਗਤ ਕਬੀਰ ਜੀ ਵੱਲੋਂ ਮਨੁੱਖਤਾ ਦੀ ਸੇਵਾ, ਸਾਂਤੀ ਅਤੇ ਭਾਈਚਾਰੇ ਦੇ ਦਿੱਤੇ ਸੰਦੇਸ਼ ਨੂੰ ਮੰਨਣ ਦਾ ਅੱਜ ਪ੍ਰਣ ਕਰਾਂਗੇ ਤਾਂ ਇਹੀ ਉਨਾਂ ਪ੍ਰਤੀ ਸਾਡਾ ਸੱਚਾ ਸਤਿਕਾਰ ਹੋਵੇਗਾ। ਉਨਾਂ 'ਭਗਤੀ ਲਹਿਰ' ਦੇ ਮਹਾਨ ਸੰਤ ਭਗਤ ਕਬੀਰ ਜੀ ਨੂੰ ਫੁੱਲ ਭੇਂਟ ਕਰਦਿਆਂ ਕਿਹਾ ਕਿ ਸਤਗੁਰੂ ਕਬੀਰ ਜੀ ਨੇ ਸਾਨੂੰ ਵਿਸਵ ਸਾਂਤੀ ਤੇ ਭਾਈਚਾਰੇ ਦਾ ਜੋ ਸੰਦੇਸ਼ ਦਿੱਤਾ ਸੀ ਉਸਦੀ ਸਦੀਆਂ ਬੀਤ ਜਾਣ ਬਾਅਦ ਵੀ ਸਾਰਥਕਤਾ ਘਟੀ ਨਹੀਂ ਹੈ ਸਗੋਂ ਅੱਜ ਉਨਾਂ ਦਾ ਸੰਦੇਸ਼ ਹੋਰ ਵਧੇਰੇ ਸਾਰਥਕ ਹੋ ਗਿਆ ਹੈ। ਉਨਾਂ ਨੇ ਕਿਹਾ ਕਿ ਭਗਤ ਕਬੀਰ ਜੀ ਦੀਆਂ ਸਿੱਖਿਆਵਾਂ, ਉਨਾਂ ਦਾ ਜੀਵਨ ਅਤੇ ਫਿਲਾਸਫੀ ਸਾਡੇ ਜੀਵਨ ਦੀਆਂ ਰਾਹਾਂ ਵਿਚ ਚਾਣਨ ਕਰਨ ਵਾਲੀ ਮਸ਼ਾਲ ਵਾਂਗ ਹੈ। ਉਨਾਂ ਨੇ ਇਸ ਸੁਭ ਦਿਹਾੜੇ ਤੇ ਲੋਕਾਂ ਨੂੰ ਸੁਭਕਾਮਨਾਵਾਂ ਕਰਦਿਆਂ ਕਿਹਾ ਕਿ ਸਾਨੂੰ ਇਸ ਸਮੇਂ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਕੋਵਿਡ ਸੰਕਟ ਦੇ ਟਾਕਰੇ ਲਈ ਅਤੇ ਮਨੁੱਖਤਾ ਦੀ ਸੇਵਾ ਲਈ ਆਪਣੇ ਆਪ ਨੂੰ ਸਮਰਪਿਤ ਕਰੀਏ।

ਇਸ ਮੌਕੇ ਉਨਾਂ ਨੇ ਕਿਹਾ ਕਿ ਇਹ ਕਿੰਨੀ ਖੂਬਸੂਰਤ ਗੱਲ ਹੈ ਕਿ ਭਗਤ ਕਬੀਰ ਜੀ ਦਾ ਆਗਮਨ ਦਿਨ ਅਤੇ ਆਲਮੀ ਵਾਤਾਵਰਨ ਦਿਹਾੜਾ ਇਕੋ ਦਿਨ ਮਨਾਇਆ ਜਾ ਰਿਹਾ ਹੈ। ਉਨਾਂ ਨੇ ਕਿਹਾ ਕਿ ਕੌਮਾਂਤਰੀ ਵਾਤਾਵਰਨ ਦਿਵਸ ਦਾ ਜਿਕਰ ਕਰਦਿਆਂ ਕਿਹਾ ਕਿ ਸਾਡੀ ਹੋਂਦ ਸਾਡੇ ਚੌਗਿਰਦੇ ਤੇ ਨਿਰਭਰ ਕਰਦੀ ਹੈ ਅਤੇ ਇਸ ਲਈ ਸਾਡਾ ਸਭ ਦਾ ਫਰਜ ਬਣਦਾ ਹੈ ਕਿ ਅਸੀਂ ਆਪਣੇ ਚੌਗਿਰਦੇ ਦੀ ਸਾਂਭ ਸੰਭਾਲ ਪ੍ਰਤੀ ਸੁਚੇਤ ਹੁੰਦੇ ਹੋਏ ਆਪਣੇ ਰੋਜਮਰਾਂ ਦੇ ਜੀਵਨ ਵਿਚ ਝਾਤ ਮਾਰੀਏ ਅਤੇ ਯਕੀਨੀ ਬਣਾਈਏ ਕਿ ਸਾਡੀਆਂ ਗਤੀਵਿਧੀਆਂ ਨਾਲ ਵਾਤਾਵਰਨ ਨੂੰ ਘੱਟ ਤੋਂ ਘੱਟ ਨੁਕਸਾਨ ਪੁੱਜੇ।

ਇਸ ਤੋਂ ਪਹਿਲਾਂ ਵਿੱਤ ਮੰਤਰੀ ਨੇ ਬਠਿੰਡਾ ਸ਼ਹਿਰ ਦੇ ਬਜਾਰਾਂ ਦਾ ਦੌਰਾ ਕਰਕੇ ਦੁਕਾਨਦਾਰਾਂ ਨਾਲ ਕੋਵਿਡ 19 ਸੰਕਟ ਦੇ ਮੱਦੇਨਜਰ ਪੈਦਾ ਹੋਏ ਹਲਾਤਾਂ ਦੌਰਾਨ ਉਨਾਂ ਨਾਲ ਸਰਕਾਰ ਦੀ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਉਨਾਂ ਨੂੰ ਭਰੋਸਾ ਦਿੱਤਾ ਕਿ ਇਸ ਮੁਸਕਿਲ ਦੌਰ ਵਿਚ ਸਰਕਾਰ ਉਨਾਂ ਦੇ ਨਾਲ ਹੈ। ਉਨਾਂ ਨੇ ਕਿਹਾ ਕਿ ਇਸ ਲਈ ਸਰਕਾਰ ਵੱਲੋਂ ਮਿਸ਼ਨ ਫਤਿਹ ਲਾਂਚ ਕੀਤਾ ਗਿਆ ਹੈ ਜਿਸ ਦਾ ਉਦੇਸ਼ ਲੋਕਾਂ ਵਿਚ ਇਸ ਬਿਮਾਰੀ ਦਾ ਸਾਹਮਣਾ ਕਰਨ ਲਈ ਹਿੰਮਤ ਪੈਦਾ ਕਰਨਾ ਹੈ ਤਾਂ ਜੋ ਅਸੀਂ ਆਪਣੇ ਕਾਰੋਬਾਰ ਵੀ ਚਲਦੇ ਰੱਖ ਸਕੀਏ ਅਤੇ ਜਰੂਰੀ ਸਾਵਧਾਨੀਆਂ ਰੱਖਦੇ ਹੋਏ ਇਸ ਬਿਮਾਰੀ ਤੋਂ ਆਪਣੇ ਆਪ ਤੇ ਦੂਜਿਆਂ ਨੂੰ ਬਚਾ ਕੇ ਵੀ ਰੱਖ ਸਕੀਏ। ਉਨਾਂ ਨੇ ਕਿਹਾ ਕਿ ਕਰੋਨਾ ਖਿਲਾਫ ਲੜਾਈ ਵਿਚ ਫਤਿਹ ਮਨੁੱਖਤਾ ਦੀ ਹੀ ਹੋਵੇਗੀ। ਉਨਾਂ ਨੇ ਸਮੂਹ ਸ਼ਹਿਰੀਆਂ ਨੂੰ ਮਿਸ਼ਨ ਫਤਿਹ ਨਾਲ ਜੁੜਨ ਦਾ ਸੱਦਾ ਦਿੱਤਾ।

ਇਸ ਦੌਰਾਨ ਉਨਾਂ ਨੇ ਆਰਿਆ ਸਮਾਜ ਚੌਕ ਤੋਂ ਮਹਿਣਾ ਚੌਕ ਮਾਰਕਿਟ, ਅਗਰਵਾਲ ਸਟਰੀਟ ਆਦਿ ਬਾਜਾਰਾਂ ਵਿਚ ਦੁਕਾਨ ਦਰ ਦੁਕਾਨ ਜਾ ਕੇ ਦੁਕਾਨਦਾਰਾਂ ਦੀਆਂ ਮੁਸਕਿਲਾਂ ਸੁਣੀਆਂ। ਇਸ ਦੌਰਾਨ ਉਨਾਂ ਨੇ ਮੌਕੇ ਤੇ ਹੀ ਮੁਸਕਿਲਾਂ ਦੇ ਹੱਲ ਕਰਨ

ਸਬੰਧੀ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ।

ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸ੍ਰੀ ਕੇਕੇ ਅਗਰਵਾਲ, ਸ਼ਹਿਰੀ ਪ੍ਰਧਾਨ ਸ੍ਰੀ ਅਰੁਣ ਵਧਾਵਨ, ਸ੍ਰੀ ਪਵਨ ਮਾਨੀ, ਸ੍ਰੀ ਮੋਹਨ ਲਾਲ ਛੂੰਬਾ, ਸ੍ਰੀ ਰਾਜਨ ਗਰਗ, ਸ੍ਰੀ ਰਾਜੂ ਭੱਠੇਵਾਲਾ, ਸ੍ਰੀ ਸਾਜਨ ਸ਼ਰਮਾ, ਸ੍ਰੀ ਹੇਮੰਤ ਸ਼ਰਮਾ, ਸ੍ਰੀ ਪ੍ਰਕਾਸ਼ ਚੰਦ, ਸ੍ਰੀ ਨੱਥੂਰਾਮ ਆਦਿ ਵੀ ਹਾਜਰ ਸਨ।

I/31459/2020